ਆਸਾ ਮਹਲਾ ੧ ਪੰਚਪਦੇ ॥ ਦੁਧ ਬਿਨੁ ਧੇਨੁ ਪੰਖ ਬਿਨੁ ਪੰਖੀ ਜਲ ਬਿਨੁ ਉਤਭੁਜ ਕਾਮਿ ਨਾਹੀ ॥ ਕਿਆ ਸੁਲਤਾਨੁ ਸਲਾਮ ਵਿਹੂਣਾ ਅੰਧੀ ਕੋਠੀ ਤੇਰਾ ਨਾਮੁ ਨਾਹੀ ॥ ੧॥ ਕੀ ਵਿਸਰਹਿ ਦੁਖੁ ਬਹੁਤਾ ਲਾਗੈ ॥ ਦੁਖੁ ਲਾਗੈ ਤੂੰ ਵਿਸਰੁ ਨਾਹੀ ॥੧॥ ਰਹਾਉ ॥ ਅਖੀ ਅੰਧੁ ਜੀਭ ਰਸੁ ਨਾਹੀ ਕੰਨੀ ਪਵਣੁ ਨ ਵਾਜੈ ॥ ਚਰਣੀ ਚਲੈ ਪਜੂਤਾ ਆਗੈ ਵਿਣੁ ਸੇਵਾ ਫਲ ਲਾਗੇ ॥ ੨॥ ਅਖਰ ਬਿਰਖ ਬਾਗ ਭੁਇ ਚੋਖੀ ਸਿੰਚਿਤ ਭਾਉ ਕਰੇਹੀ ॥ ਸਭਨਾ ਫਲੁ ਲਾਗੈ ਨਾਮੁ ਏਕੋ ਬਿਨੁ ਕਰਮਾ ਕੈਸੇ ਲੇਹੀ ॥ ੩॥ ਜੇਤੇ ਜੀਅ ਤੇਤੇ ਸਭਿ ਤੇਰੇ ਵਿਣੁ ਸੇਵਾ ਫਲੁ ਕਿਸੈ ਨਾਹੀ ॥ ਦੁਖੁ ਸੁਖੁ ਭਾਣਾ ਤੇਰਾ ਹੋਵੈ ਵਿਣੁ ਨਾਵੈ ਜੀਉ ਰਹੈ ਨਾਹੀ ॥੪॥ ਮਤਿ ਵਿਚਿ ਮਰਣੁ ਜੀਵਣੁ ਹੋਰੁ ਕੈਸਾ ਜਾ ਜੀਵਾ ਤਾਂ ਜੁਗਤਿ ਨਾਹੀ ॥ ਕਹੈ ਨਾਨਕੁ ਜੀਵਾਲੇ ਜੀਆ ਜਹ ਭਾਵੈ ਤਹ ਰਾਖੁ ਤੁਹੀ ॥੫॥੧੯॥ {ਪੰਨਾ 354}

{ਨੋਟ:- ਸ਼ਬਦ ਦਾ ਸਿਰਲੇਖ ਵੇਖੋ। ਲਫ਼ਜ਼ 'ਪੰਚਪਦੇ' ਦਾ ਭਾਵ ਇਹ ਹੈ ਕਿ ਹੁਣ ਅਗਾਂਹ ਉਹ ਸ਼ਬਦ ਹਨ ਜਿਨ੍ਹਾਂ ਵਿਚ ਪੰਜ ਪੰਜ ਬੰਦ ਹਨ। ਲਫ਼ਜ਼ 'ਪੰਚਪਦੇ' ਦਾ ਹੇਠਲਾ ਅੰਕ 6 ਦੱਸਦਾ ਹੈ ਕਿ ਇਹ ਸ਼ਬਦ ਗਿਣਤੀ ਵਿਚ ਛੇ ਹਨ। }

ਪਦਅਰਥ:- ਧੇਨੁ—ਗਾਂ। ਪੰਖ—ਖੰਭ। ਉਤਭੁਜ—ਬਨਸਪਤੀ। ਕਾਮਿ—ਕੰਮ ਵਿਚ। ਕਾਮਿ ਨਾਹੀ—ਕਿਸੇ ਕੰਮ ਨਹੀਂ ਆਉਂਦੀ, ਕਿਸੇ ਕੰਮ ਦੀ ਨਹੀਂ ਰਹਿੰਦੀ, ਵਿਅਰਥ ਹੈ। ਕਿਆ ਸੁਲਤਾਨੁ—ਉਹ ਬਾਦਸ਼ਾਹ ਕਾਹਦਾ? ਅੰਧੀ—ਹਨੇਰੀ। ਕੋਠੀ—ਹਿਰਦਾ-ਕੋਠੀ।1।

ਕੀ ਵਿਸਰਹਿ—ਕਿਉਂ ਵਿੱਸਰਦਾ ਹੈਂ?।1। ਰਹਾਉ।

ਅੰਧੁ—ਅੰਨ੍ਹਾ-ਪਨ। ਰਸੁ—ਸੁਆਦ। ਪਵਣੁ ਨ ਵਾਜੈ—ਆਵਾਜ਼ ਵੱਜਦੀ ਨਹੀਂ, ਆਵਾਜ਼ ਸੁਣੀ ਨਹੀਂ ਜਾਂਦੀ। ਪਜੂਤਾ—ਫੜਿਆ ਹੋਇਆ। ਆਗੈ—ਅੱਗੋਂ। ਵਿਣੁ ਸੇਵਾ—(ਪ੍ਰਭੂ ਦੀ) ਸੇਵਾ ਤੋਂ ਬਿਨਾ ਪ੍ਰਭੂ ਦਾ ਸਿਮਰਨ ਕਰਨ ਤੋਂ ਬਿਨਾ। ਫਲ—ਹੋਰ ਹੋਰ ਫਲ।2।

ਅਖਰ—ਗੁਰਬਾਣੀ, ਗੁਰੂ ਦੇ ਸ਼ਬਦ, ਗੁਰੂ ਦਾ ਉਪਦੇਸ਼। ਭੁਇ—ਧਰਤੀ, ਹਿਰਦਾ-ਧਰਤੀ। ਚੋਖੀ—ਸਵੱਛ, ਪਵਿੱਤ੍ਰ। ਭਾਉ—ਪ੍ਰੇਮ। ਕਰੇਹੀ—ਕਰੇਹਿ, ਕਰਦੇ ਹਨ। ਫਲੁ—ਮਨੁੱਖਾ ਜੀਵਨ ਦਾ ਲਾਭ। ਕਰਮਾ—ਮੇਹਰ, ਬਖ਼ਸ਼ਸ਼।3।

ਸਭਿ—ਸਾਰੇ। ਵਿਣੁ ਸੇਵਾ—ਸਿਮਰਨ ਤੋਂ ਬਿਨਾ। ਭਾਣਾ—ਰਜ਼ਾ। ਜੀਉ—ਜਿੰਦ। ਰਹੈ ਨਾਹੀ—ਰਹਿ ਨਹੀਂ ਸਕਦੀ, ਧੀਰਜ ਨਹੀਂ ਫੜ ਸਕਦੀ।4।

ਮਰਣੁ—ਮੌਤ, ਆਪਾ-ਭਾਵ ਦੀ ਮੌਤ। ਜਾ—ਜੇ। ਜੀਵਾ—ਮੈਂ (ਹੋਰ ਜੀਵਨ) ਜੀਵਾਂ। ਜੁਗਤਿ—ਢੰਗ, ਤਰੀਕਾ, ਸੁਚੱਜਾ ਢੰਗ। ਜੀਵਾਲੇ—ਜੀਊਂਦਾ ਰੱਖਦਾ ਹੈ, ਆਤਮਕ ਜੀਵਨ ਦੇਂਦਾ ਹੈ।5।

ਅਰਥ:- ਹੇ ਪ੍ਰਭੂ! ਤੂੰ ਮੈਨੂੰ ਕਿਉਂ ਵਿਸਾਰਦਾ ਹੈਂ? ਤੇਰੇ ਵਿਸਰਿਆਂ ਮੈਨੂੰ ਬੜਾ ਆਤਮਕ ਦੁੱਖ ਵਾਪਰਦਾ ਹੈ। ਹੇ ਪ੍ਰਭੂ! (ਮੇਹਰ ਕਰ, ਮੇਰੇ ਮਨ ਤੋਂ) ਨਾਹ ਵਿਸਰ।1। ਰਹਾਉ।

ਜੇਹੜੀ ਗਾਂ ਦੁੱਧ ਨਾਹ ਦੇਵੇ ਉਹ ਗਾਂ ਕਿਸ ਕੰਮ? ਜੇਹੜੇ ਪੰਛੀ ਦੇ ਖੰਭ ਨਾਹ ਹੋਣ ਉਸ ਨੂੰ ਹੋਰ ਕੋਈ ਸਹਾਰਾ ਨਹੀਂ, ਬਨਸਪਤੀ ਪਾਣੀ ਤੋਂ ਬਿਨਾ ਹਰੀ ਨਹੀਂ ਰਹਿ ਸਕਦੀ। ਉਹ ਬਾਦਸ਼ਾਹ ਕਾਹਦਾ, ਜਿਸ ਨੂੰ ਕੋਈ ਸਲਾਮ ਨ ਕਰੇ? ਇਸੇ ਤਰ੍ਹਾਂ ਹੇ ਪ੍ਰਭੂ! ਜਿਸ ਹਿਰਦੇ ਵਿਚ ਤੇਰਾ ਨਾਮ ਨ ਹੋਵੇ ਉਹ ਇਕ ਹਨੇਰੀ ਕੋਠੜੀ ਹੀ ਹੈ।1।

ਅੱਖਾਂ ਅੱਗੇ ਹਨੇਰਾ ਆਉਣ ਲੱਗ ਪੈਂਦਾ ਹੈ, ਜੀਭ ਵਿਚ ਖਾਣ-ਪੀਣ ਦਾ ਸੁਆਦ ਮਾਣਨ ਦੀ ਤਾਕਤ ਨਹੀਂ ਰਹਿੰਦੀ, ਕੰਨਾਂ ਵਿਚ (ਰਾਗ ਆਦਿਕ) ਦੀ ਆਵਾਜ਼ ਨਹੀਂ ਸੁਣਾਈ ਦੇਂਦੀ, ਪੈਰਾਂ ਨਾਲ ਭੀ ਮਨੁੱਖ ਤਦੋਂ ਹੀ ਤੁਰਦਾ ਹੈ ਜੇ ਕੋਈ

ਹੋਰ ਅਗੋਂ ਉਸਦੀ ਡੰਗੋਰੀ ਫੜੇ—(ਬੁਢੇਪੇ ਦੇ ਕਾਰਨ ਮਨੁੱਖ ਦੇ ਸਰੀਰ ਦੀ ਇਹ ਹਾਲਤ ਬਣ ਜਾਂਦੀ ਹੈ, ਫਿਰ ਭੀ) ਮਨੁੱਖ ਸਿਮਰਨ ਤੋਂ ਸੁੰਞਾ ਹੀ ਰਹਿੰਦਾ ਹੈ, ਇਸ ਦੇ ਜੀਵਨ-ਰੁੱਖ ਨੂੰ ਹੋਰ ਹੋਰ ਫਲ ਲੱਗਦੇ ਰਹਿੰਦੇ ਹਨ।2।

ਜੋ ਮਨੁੱਖ ਸੁਅੱਛ ਹਿਰਦੇ ਦੀ ਭੁਏਂ ਵਿਚ ਗੁਰ-ਸ਼ਬਦ ਰੂਪ ਬਾਗ਼ ਦੇ ਰੁੱਖ ਲਾਂਦੇ ਹਨ ਅਤੇ ਪ੍ਰੇਮ-ਰੂਪ ਪਾਣੀ ਸਿੰਜਦੇ ਹਨ, ਉਹਨਾਂ ਸਭਨਾਂ ਨੂੰ ਅਕਾਲ ਪੁਰਖ ਦਾ ਨਾਮ-ਫਲ ਲੱਗਦਾ ਹੈ; ਪਰ ਪ੍ਰਭੂ ਦੀ ਮੇਹਰ ਤੋਂ ਬਿਨਾ ਇਹ ਦਾਤਿ ਨਹੀਂ ਮਿਲਦੀ।3।

ਹੇ ਪ੍ਰਭੂ! ਇਹ ਸਾਰੇ ਜੀਵ ਤੇਰੇ ਹੀ ਪੈਦਾ ਕੀਤੇ ਹੋਏ ਹਨ, ਤੇਰਾ ਸਿਮਰਨ ਕਰਨ ਤੋਂ ਬਿਨਾ ਮਨੁੱਖਾ ਜੀਵਨ ਦਾ ਲਾਭ ਕਿਸੇ ਨੂੰ ਨਹੀਂ ਮਿਲ ਸਕਦਾ। (ਜੋ ਭੀ ਜੰਮਿਆ ਹੈ ਉਸ ਨੂੰ) ਕਦੇ ਦੁੱਖ ਤੇ ਕਦੇ ਸੁਖ ਮਿਲਣਾ—ਇਹ ਤਾਂ ਤੇਰੀ ਰਜ਼ਾ ਹੈ (ਪਰ ਦੁੱਖ ਵਿਚ ਜੀਵ ਘਾਬਰ ਜਾਂਦਾ ਹੈ, ਸੁਖਾਂ ਵਿਚ ਆਪੇ ਤੋਂ ਬਾਹਰ ਹੁੰਦਾ ਹੈ) ਤੇਰੇ ਨਾਮ ਦੀ ਟੇਕ ਤੋਂ ਬਿਨਾ ਜਿੰਦ ਅਡੋਲ ਰਹਿ ਹੀ ਨਹੀਂ ਸਕਦੀ।4।

ਗੁਰੂ ਦੀ ਦੱਸੀ ਮਤਿ ਵਿਚ ਤੁਰ ਕੇ ਆਪਾ-ਭਾਵ ਦਾ ਮਰ ਜਾਣਾ—ਇਹੀ ਹੈ ਸਹੀ ਜੀਵਨ, ਜੇ ਮਨੁੱਖ ਦਾ ਸੁਆਰਥੀ ਜੀਵਨ ਨਹੀਂ ਮੁੱਕਿਆ ਤਾਂ ਉਹ ਜੀਵਨ ਵਿਅਰਥ ਹੈ। ਜੇ ਮੈਂ ਇਹ ਸੁਆਰਥੀ ਜੀਵਨ ਜੀਊਂਦਾ ਹਾਂ, ਤਾਂ ਇਸ ਨੂੰ ਜੀਵਨ ਦਾ ਸੁਚੱਜਾ ਢੰਗ ਨਹੀਂ ਕਿਹਾ ਜਾ ਸਕਦਾ। ਨਾਨਕ ਆਖਦਾ ਹੈ ਪਰਮਾਤਮਾ ਜ਼ਿੰਦਗੀ ਦੇਣ ਵਾਲਾ ਹੈ (ਉਸੇ ਦੀ ਹਜ਼ੂਰੀ ਵਿਚ ਅਰਦਾਸ ਕਰਨੀ ਚਾਹੀਦੀ ਹੈ ਕਿ) ਹੇ ਪ੍ਰਭੂ! ਜਿਥੇ ਤੇਰੀ ਰਜ਼ਾ ਹੈ ਉਥੇ ਸਾਨੂੰ ਰੱਖ (ਭਾਵ, ਆਪਣੀ ਰਜ਼ਾ ਵਿਚ ਰੱਖ ਤੇ ਸਿਮਰਨ ਦੀ ਦਾਤਿ ਬਖ਼ਸ਼।5। 19।